# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਮੁਹੱਲਾ ਸਲਵਾੜਾ ਦੇ 128 ਨੀਲੇ ਕਾਰਡ ਲਾਭਪਾਤਰੀਆਂ ਨੂੰ ਮੇਅਰ ਸ਼ਿਵ ਸੂਦ ਨੇ ਰਾਸ਼ਨ ਦੀ ਵੰਡ ਕੀਤੀ।

ਹੁਸ਼ਿਆਰਪੁਰ 29 ਦਸੰਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਮੁਹੱਲਾ ਸਲਵਾੜਾ ਦੇ 128 ਨੀਲੇ ਕਾਰਡ ਹੋਲਡਰ ਲਾਭਪਾਤਰੀਆਂ ਨੂੰ ਅਕਾਲੀ-ਭਾਜਪਾ ਸਰਕਾਰ ਵੱਲੋ ਚਲਾਈ ਜਾ ਰਹੀ ਆਟਾ ਦਾਲ ਸਕੀਮ ਤਹਿਤ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਰਾਸ਼ਨ ਦੀ ਵੰਡ ਕੀਤੀ, ਇਸ ਮੋਕੇ ਤੇ ਉਹਨ੍ਹਾਂ ਨੇ ਦਸਿੱਆ ਕਿ ਪੰਜਾਬ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਦਾ ਜੀਵਨ ਪੱਧਰ ਉੱਚਾ ਚਕੱਣ ਲਈ ਵੱਖ-ਵੱਖ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਨੀਲੇ ਕਾਰਡ ਧਾਰਕ ਲਾਭਪਾਤਰੀਆਂ 2 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਸਮੇਂ ਸਿਰ ਰਾਸ਼ਨ ਦੀ ਵੰਡ ਕੀਤੀ ਜਾ ਰਹੀ ਹੈ। ਠਾਕੁਰ ਚੰਦ, ਮਨਜੀਤ ਕੋਰ, ਪ੍ਰਵੀਨ ਯਸ਼ਪਾਲ ਸਰਮਾ ਵੀ ਇਸ ਮੋਕੇ ਤੇ ਹਾਜਰ ਸਨ।